ਨੰ : ਸੀ.ਸਹਾਇਕ (ਅਮਲਾ)/ਆਰ.ਟੀ.ਆਈ.ਅਪੀਲ/ਸੰ:ਰ:ਜ:/5106 ਮਿਤੀ : 28/7/17
ਵਲੋਂ,

ਸੰਯੁਕਤ ਰਜਿਸਟਰਾਰ,
ਸਹਿਕਾਰੀ ਸਭਾਵਾਂ, ਜਲੰਧਰ ਮੰਡਲ, ਜਲੰਧਰ।

ਸੇਵਾ ਵਿਖੇ,

ਰਜਿਸਟਰਾਰ,
ਸਹਿਕਾਰੀ ਸਭਾਵਾਂ, ਪੰਜਾਬ,
ਚੰਡੀਗੜ੍ਹ।

ਵਿਸ਼ਾ :- ਆਰ.ਟੀ.ਆਈ.ਐਕਟ-2005 ਤਹਿਤ ਦਾਇਰ ਕੀਤੀ ਗਈ ਅਪੀਲ ਦਾ ਫੈਸਲਾ ਆੱਨ-ਲਾਈਨ ਕਰਨ ਬਾਰੇ।

**ਯਾਦ ਪੱਤਰ :**

ਉਪਰੋਕਤ ਵਿਸ਼ੇ ਤੇ ਹਵਾਲਾ ਅਧੀਨ ਪੱਤਰ ਦੇ ਸਬੰਧ ਵਿੱਚ ਬੇਨਤੀ ਸਹਿਤ ਸੂਚਿਤ ਕੀਤਾ ਜਾਂਦਾ ਹੈ ਕਿ ਸ੍ਰੀ ਸਰਵਨ ਸਿੰਘ ਪੁੱਤਰ ਸ੍ਰੀ ਪਾਲ ਸਿੰਘ ਵਾਸੀ ਪਿੰਡ ਜੋੜਾ, ਤਹਿ: ਵਾ, ਜ਼ਿਲ੍ਹਾ ਤਰਨ ਤਾਰਨ ਵਲੋਂ ਰਾਈਟ ਟੂ ਇਨਫਰਮੇਸ਼ਨ ਐਕਟ-2005 ਤਹਿਤ ਸੂਚਨਾ ਲੈਣ ਵਾਸਤੇ ਦਿੱਤੀ ਗਈ ਦਰਖਾਸਤ ਰਾਹੀਂ ਮੰਗੀ ਗਈ ਸੂਚਨਾ ਉਸਨੂੰ ਨਾ ਮਿਲਣ ਕਾਰਨ ਇਸ ਅਦਾਲਤ ਵਿੱਚ ਅਪੀਲ ਦਾਇਰ ਕੀਤੀ ਗਈ ਸੀ। ਇਸ ਅਪੀਲ ਦਾ ਫੈਸਲਾ ਇਸ ਅਦਾਲਤ ਵਲੋਂ ਮਿਤੀ : 22.06.2017 ਨੂੰ ਕਰ ਦਿੱਤਾ ਗਿਆ ਹੈ।

ਡਾਇਰੈਕਟੋਰੇਟ, ਪ੍ਰਸ਼ਾਸਨਿਕ ਸੁਧਾਰ, ਪੰਜਾਬ (ਆਰ.ਟੀ.ਆਈ.ਨੋਡਲ ਸੈਲ-ਪੰਜਾਬ ਸਿਵਲ ਸਕੱਤਰੇਤ-2) ਸੈਕਟਰ-9, ਚੰਡੀਗੜ੍ਹ ਜੀ ਵਲੋਂ ਜਾਰੀ ਪੱਤਰ ਨੰ : ਅੰ.ਵਿ ਪੱ.ਨੰ: 51/8/2014/2 ਆਰ.ਟੀ.ਆਈ.ਐਨ.ਸੀ./ 162, ਮਿਤੀ : 29.06.2015, ਜੋ ਮੁੱਖ-ਦਫਤਰ ਦੇ ਪਿੱਠ ਅੰਕਣ ਨੰ : ਅਮਲਾ/ ਅਸਗ-2/ ਆਰ.ਟੀ.ਆਈ./ 7698, ਮਿਤੀ : 29.06.2015 ਰਾਹੀਂ ਇਸ ਦਫਤਰ ਵਿੱਚ ਪ੍ਰਾਪਤ ਹੋਇਆ, ਰਾਹੀਂ ਜਾਰੀ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਸ੍ਰੀ ਸਰਵਨ ਸਿੰਘ (ਅਪੀਲਕਰਤਾ) ਵਲੋਂ ਦਾਇਰ ਕੀਤੀ ਗਈ ਅਪੀਲ ਅਤੇ ਇਸ ਅਦਾਲਤ ਵਲੋਂ ਕੀਤੇ ਗਏ ਫੈਸਲਾ ਮਿਤੀ : 22.06.2017 ਦੀ ਤਸਦੀਕਸ਼ੁਦਾ ਕਾਪੀ ਇਸ ਪੱਤਰ ਨਾਲ ਨੱਥੀ ਭੇਜਦੇ ਹੋਏ ਬੇਨਤੀ ਕੀਤੀ ਜਾਂਦੀ ਹੈ ਕਿ ਇਹ ਦਸਤਾਵੇਜ਼ ਵਿਭਾਗ ਦੀ ਵੈਬ-ਸਾਈਟ ਤੇ ਆੱਨ-ਲਾਈਨ ਕਰਨ ਦੀ ਕ੍ਰਿਪਾਲਤਾ ਕੀਤੀ ਜਾਵੇ ਜੀ।
ਸਹਿਪੱਤਰ/ ਉਪਰੋਕਤ ਅਨੁਸਾਰ।

ਸੰਯੁਕਤ ਰਜਿਸਟਰਾਰ
(ਐਪੀਲਾਂਟ ਅਥਾਰਟੀ)
ਸਹਿਕਾਰੀ ਸਭਾਵਾਂ, ਜਲੰਧਰ ਮੰਡਲ, ਜਲੰਧਰ।

ਨੰ : ਸੀ.ਸਹਾਇਕ (ਅਮਲਾ)/ ਆਰ.ਟੀ.ਆਈ.ਅਪੀਲ/ ਸੰ:ਰ:ਜ:/6104.....ਮਿਤੀ : 28/7/17
23/7/17
ਵੱਲ,

ਸ੍ਰੀ ਸਰਵਨ ਸਿੰਘ ਪੁੱਤਰ ਪਾਲ ਸਿੰਘ,
ਵਾਸੀ ਪਿੰਡ ਜੋੜਾ, ਤਹਿ: ਵਾ,
ਜ਼ਿਲ੍ਹਾ ਤਰਨ ਤਾਰਨ।

ਵਿਸ਼ਾ :- ਆਰ.ਟੀ.ਆਈ.ਐਕਟ-2005 ਤਹਿਤ ਸੂਚਨਾ ਨਾ ਮਿਲਣ ਕਾਰਨ ਦਾਇਰ ਕੀਤੀ ਗਈ ਅਪੀਲ ਸਬੰਧੀ।

ਹੁਕਮ :

ਮਿਸਲ ਸੁਣਵਾਈ ਲਈ ਪੇਸ਼ ਹੋਈ। ਅਪੀਲਕਰਤਾ ਵਲੋਂ ਰਾਈਟ ਟੂ ਇਨਫਰਮੇਸ਼ਨ ਐਕਟ-2005 ਤਹਿਤ ਦਰਖਾਸਤ ਮਿਤੀ : 24.08.2016 ਰਾਹੀਂ ਸਹਾਇਕ ਰਜਿਸਟਰਾਰ (ਸਹਾਇਕ ਪਬਲਿਕ ਇਨਫਰਮੇਸ਼ਨ ਅਫਸਰ), ਸਹਿਕਾਰੀ ਸਭਾਵਾਂ, ਤਰਨ ਤਾਰਨ ਪਾਸੋਂ ਮੰਗੀ ਗਈ ਸੂਚਨਾ ਉਸਨੂੰ ਨਾ ਮਿਲਣ ਕਾਰਨ ਇਸ ਅਦਾਲਤ ਵਿੱਚ ਅਪੀਲ ਦਾਇਰ ਕੀਤੀ ਗਈ। ਇਸ ਅਪੀਲ ਦੀ ਸੁਣਵਾਈ ਵਾਸਤੇ ਦੋਵਾਂ ਧਿਰਾਂ ਨੂੰ ਨੋਟਿਸ ਜਾਰੀ ਕੀਤੇ ਗਏ ਅਤੇ ਵੱਖ-ਵੱਖ ਮਿਤੀਆ ਨੂੰ ਇਸ ਅਪੀਲ ਦੀ ਸੁਣਵਾਈ ਕੀਤੀ ਗਈ।

ਅਪੀਲਕਰਤਾ ਵਲੋਂ ਸਹਾਇਕ ਰਜਿਸਟਰਾਰ (ਸਹਾਇਕ ਇਨਫਰਮੇਸ਼ਨ ਅਫਸਰ), ਸਹਿਕਾਰੀ ਸਭਾਵਾਂ, ਤਰਨ ਤਾਰਨ ਪਾਸੋਂ ਉਨ੍ਹਾਂ ਦੇ ਸਰਕਲ ਵਿੱਚ ਪੈਂਦੀ ਦੀ ਜੋੜਾ ਸਹਿਕਾਰੀ ਖੇਤੀਬਾੜੀ ਸਭਾ ਲਿਮ:, ਜੋੜਾ ਵਿੱਚ ਮੌਜੂਦ ਸੰਦਾਂ ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਗਈ।

ਮਿਤੀ : 23.05.2017 ਨੂੰ ਅਪੀਲਕਰਤਾ ਵਲੋਂ ਸੁਣਵਾਈ ਦੌਰਾਨ ਹਾਜਰ ਆ ਕੇ ਉਸ ਵਲੋਂ ਮਿਤੀ : 24.08.2016 ਰਾਹੀਂ ਮੰਗੀ ਗਈ ਸੂਚਨਾ ਉਸਨੂੰ ਮੁਹੱਈਆ ਕਰਵਾਉਣ ਲਈ ਬੇਨਤੀ ਕੀਤੀ ਗਈ। ਅਪੀਲਕਰਤਾ ਵਲੋਂ ਕੀਤੀ ਗਈ ਬੇਨਤੀ ਨੂੰ ਮੁੱਖ ਰੱਖਦੇ ਹੋਏ ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ), ਸਹਿਕਾਰੀ ਸਭਾਵਾਂ, ਤਰਨ ਤਾਰਨ ਨੂੰ ਅਪੀਲਕਰਤਾ ਵਲੋਂ ਦਿੱਤੀ ਗਈ ਦਰਖਾਸਤ ਅਨੁਸਾਰ ਮੰਗੀ ਗਈ ਸੂਚਨਾ ਉਸਨੂੰ ਤੁਰੰਤ ਸਪਲਾਈ ਕਰਵਾਉਣ ਲਈ ਹਦਾਇਤ ਕੀਤੀ ਗਈ। ਇਸ ਅਦਾਲਤ ਵਲੋਂ ਕੀਤੀ ਜਾਰੀ ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ), ਸਹਿਕਾਰੀ ਸਭਾਵਾਂ, ਤਰਨ ਤਾਰਨ ਵਲੋਂ ਸਹਾਇਕ ਰਜਿਸਟਰਾਰ (ਅਸਿਸਟੈਂਟ ਪਬਲਿਕ ਇਨਫਰਮੇਸ਼ਨ ਅਫਸਰ), ਸਹਿਕਾਰੀ ਸਭਾਵਾਂ, ਤਰਨ ਤਾਰਨ ਨੂੰ ਅਪੀਲਕਰਤਾ ਵਲੋਂ ਮੰਗੀ ਗਈ ਸੂਚਨਾ ਉਸਨੂੰ ਅਪੀਲ ਦੀ ਸੁਣਵਾਈ ਦੀ ਅਗਲੀ ਮਿਤੀ : 06.06.2017 ਤੋਂ ਪਹਿਲਾਂ-ਪਹਿਲਾਂ ਸਪਲਾਈ ਕਰਵਾਉਣ ਲਈ ਹਦਾਇਤ ਕੀਤੀ ਅਤੇ ਇਸ ਪੱਤਰ ਦੀ ਕਾਪੀ ਇਸ ਦਫਤਰ ਨੂੰ ਪੱਤਰ ਨੰ : ਆਰ.ਕੇ./ ਡੀ.ਆਰ.ਤਰਨ ਤਾਰਨ/ 773, ਮਿਤੀ : 24.05.2017 ਰਾਹੀਂ ਪਿੰਠ ਅੰਕਿਤ ਕੀਤੀ ਗਈ। ਮਿਤੀ : 06.06.2017 ਨੂੰ ਦੋਵਾਂ ਧਿਰਾਂ ਵਿੱਚੋਂ ਕੋਈ ਹਾਜਰ ਨਹੀਂ ਆਇਆ। ਇਸ ਦਫਤਰ ਵਲੋਂ ਜਾਰੀ ਪੱਤਰ ਨੰ : ਸੀ.ਸਹਾਇਕ (ਅਮਲਾ)/ ਸੰ:ਰ:ਜ:/ 3195, ਮਿਤੀ : 20.06.2017 ਰਾਹੀਂ ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ), ਸਹਿਕਾਰੀ ਸਭਾਵਾਂ, ਤਰਨ ਤਾਰਨ ਨੂੰ ਅਪੀਲਕਰਤਾ ਵਲੋਂ ਮੰਗੀ ਗਈ ਸੂਚਨਾ ਉਸਨੂੰ ਦੋ ਦਿਨਾਂ ਅੰਦਰ ਮੁਹੱਈਆ ਕਰਵਾਉਣ ਲਈ ਹਦਾਇਤ ਕੀਤੀ ਗਈ।

ਅਪੀਲਕਰਤਾ ਵਲੋਂ ਆਰ.ਟੀ.ਆਈ.ਐਕਟ-2005 ਤਹਿਤ ਦਿੱਤੀ ਗਈ ਦਰਖਾਸਤ ਮਿਤੀ : 24.08.2016 ਨੂੰ ਮੁੱਖ ਰੱਖਦੇ ਹੋਏ ਉਪ-ਰਜਿਸਟਰਾਰ (ਪਬਲਿਕ

......2......

ਇਨਫਰਮੇਸ਼ਨ ਅਫਸਰ), ਸਹਿਕਾਰੀ ਸਭਾਵਾਂ, ਤਰਨ ਤਾਰਨ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਇਹ ਸੂਚਨਾ ਪਬਲਿਕ ਦੇ ਹਿੱਤ ਵਿੱਚ ਹੈ। ਇਸ ਲਈ ਸਭਾ ਦਾ ਵਿਜ਼ਟ ਖ਼ੁੱਦ ਕਰਕੇ ਜਾਂ ਸਬੰਧਤ ਸਹਾਇਕ ਰਜਿਸਟਰਾਰ, ਸਹਿਕਾਰੀ ਸਭਾਵਾਂ ਦੀ ਡਿਊਟੀ ਲਗਾ ਕੇ ਸਭਾ ਦੇ ਰਿਕਾਰਡ ਤੋਂ ਇਹ ਸੂਚਨਾ ਤਿਆਰ ਕਰਵਾ ਕੇ ਪ੍ਰਾਰਥੀ ਨੂੰ ਉਪਲਬੱਧ ਕਰਵਾਈ ਜਾਵੇ।

ਮਿਤੀ : 22.06.2017.

(ਦਰਸ਼ਨ ਸਿੰਘ)
(ਐਪੀਲਾਂਟ ਅਥਾਰਟੀ)
ਸੰਯੁਕਤ ਰਜਿਸਟਰਾਰ,
ਸਹਿਕਾਰੀ ਸਭਾਵਾਂ, ਜਲੰਧਰ ਮੰਡਲ, ਜਲੰਧਰ।